# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਅੱਜ ਸਵੇਰੇ ਮੈਲਬੌਰਨ ਵਿੱਚ ਭਾਰਤ-ਆਸਟ੍ਰੇਲੀਆ CEO ਫੋਰਮ ਵਿੱਚ ਹਿੱਸਾ ਲਿਆ। ਦੋਵਾਂ ਆਗੂਆਂ ਨੇ ਭਾਰਤ ਅਤੇ ਆਸਟ੍ਰੇਲੀਆ ਦੇ ਵਪਾਰਕ ਆਗੂਆਂ ਨਾਲ ਵੀ ਮੁਲਾਕਾਤ ਕੀਤੀ। ਇਸ ਮੌਕੇ ਬੋਲਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੁਨੀਆ ਇਸ ਸਮੇਂ ਅਨਿਸ਼ਚਿਤਤਾ, ਸਪਲਾਈ ਲੜੀ ਵਿੱਚ ਵਿਘਨ ਅਤੇ ਊਰਜਾ ਸੰਕਟ ਦੇ ਦੌਰ ਦਾ ਸਾਹਮਣਾ ਕਰ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ 2022 ਵਿੱਚ ਰਿਕਾਰਡ ਸਮੇਂ ਵਿੱਚ ਹੋਏ ਆਰਥਿਕ ਸਹਿਯੋਗ ਅਤੇ ਵਪਾਰ ਸਮਝੌਤੇ ਨੇ ਦੋਵਾਂ ਦੇਸ਼ਾਂ ਦੇ ਆਰਥਿਕ ਸਬੰਧਾਂ ਨੂੰ ਮਜ਼ਬੂਤ ਕੀਤਾ ਏ।

---

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ ਘਰ

ਪਹੁੰਚਾਉਣ ਲਈ ਪੰਜਾਬ ਸਰਕਾਰ ਵਲੋਂ ਵਿਸ਼ੇਸ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਏ। ਇਸ ਤਹਿਤ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਲਈ ਡਾਕੂਮੈਂਟਰੀ ਵੈਨਾਂ ਨੂੰ ਰਵਾਨਾ ਕੀਤਾ।     ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਤੇ ਅਧਾਰਿਤ ਪਿੰਡਾਂ ਵਿੱਚ ਦਸਤਾਵੇਜ਼ੀ ਦਿਖਾਉਣ ਲਈ ਵਿਸ਼ੇਸ ਉੱਦਮ ਕੀਤਾ ਏ। ਉਨ੍ਹਾਂ ਦੱਸਿਆ ਕਿ ਇਸ ਵੈਨ 'ਤੇ ਵੱਡੀ ਐਲ.ਈ.ਡੀ. ਸਕਰੀਨ ਲਗਾਈ ਗਈ ਏ। ਇਹ 30 ਮਿੰਟ ਦੀ ਦਸਤਾਵੇਜ਼ੀ ਸੰਖੇਪ, ਅਰਥਪੂਰਨ ਅਤੇ ਬਹੁਤ ਪ੍ਰਭਾਵਸ਼ਾਲੀ ਏ ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਏਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਨੂੰ ਕਵਰ ਕਰਨ ਭੇਜੀਆਂ ਗਈਆਂ  ਜਿਨਾਂ ਵਿੱਚੋਂ ਹਰੇਕ ਵੈਨ ਦੋ ਪਿੰਡਾਂ ਨੂੰ ਕਵਰ ਕਰੇਗੀ ਅਤੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਏਗੀ।

BYTE

---------------------------------------------------------

ਪੰਜਾਬ ਦੇ ਮਾਲ, ਮੰਤਰੀ  ਹਰਦੀਪ ਸਿੰਘ ਮੁੰਡੀਆਂ ਨੇ ਕੱਲ ਨੰਬਰਦਾਰ ਜਥੇਬੰਦੀ  ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੰਗਾਂ

ਸੁਣੀਆਂ ਅਤੇ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਕਲ ਚੰਡੀਗੜ੍ਹ ਚ ਮੀਟਿੰਗ ਦੌਰਾਨ ਨੁਮਾਇੰਦਿਆਂ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣਾਏ ਜਾ ਰਹੇ ਸਿਹਤ ਕਾਰਡਾਂ ਲਈ ਨੰਬਰਦਾਰਾਂ ਵਾਸਤੇ ਇੱਕ ਦਿਨ ਵਿਸ਼ੇਸ਼ ਤੌਰ 'ਤੇ ਰਾਖਵਾਂ ਰੱਖਣ ਦੀ ਮੰਗ ਕੀਤੀ। ਇਸ 'ਤੇ  ਮੰਤਰੀ  ਨੇ ਕਿਹਾ ਕਿ ਉਹ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕਰਨਗੇ ਕਿ ਨੰਬਰਦਾਰਾਂ ਦੀ ਸਹੂਲਤ ਲਈ ਸਿਹਤ ਕਾਰਡ ਬਣਾਉਣ ਵਾਸਤੇ ਇੱਕ ਦਿਨ ਵਿਸ਼ੇਸ਼ ਤੌਰ 'ਤੇ ਨਿਰਧਾਰਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਛੇਤੀ ਹੀ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕਰਕੇ ਨੰਬਰਦਾਰਾਂ ਲਈ ਇੱਕ ਦਿਨ ਰਾਖਵਾਂ ਰੱਖਣ ਦੀ ਹਦਾਇਤ ਕੀਤੀ ਜਾਵੇਗੀ।

---------------------------------------------------------

ਬਾਗਬਾਨੀ ਮੰਤਰੀ  ਮੋਹਿੰਦਰ ਭਗਤ ਨੇ ਕਿਹਾ ਕਿ ਫੁੱਲਾਂ ਦੀ ਖੇਤੀ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਸਰਕਾਰ , ਬਾਗਬਾਨੀ ਸਕੀਮਾਂ ਤਹਿਤ ਫੁੱਲਾਂ ਦੇ ਬੀਜ ਉਤਪਾਦਨ ਕਰਨ ਵਾਲੇ ਕਿਸਾਨਾਂ ਨੂੰ ਤਿੰਨ ਸਾਲਾਂ ਤੱਕ ਪ੍ਰਤੀ ਏਕੜ ਲਾਗਤ 'ਤੇ 40 ਫੀਸਦੀ ਸਬਸਿਡੀ ਜਾਂ ਵੱਧ ਤੋਂ ਵੱਧ 14,000 ਰੁਪਏ ਪ੍ਰਤੀ ਏਕੜ ਦਿੱਤੀ ਜਾ ਰਹੀ ਏ  । ਸ੍ਰੀ ਭਗਤ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਾਗਬਾਨੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਕਿਸੇ ਵੀ ਜਾਣਕਾਰੀ

ਜਾਂ ਸਹਾਇਤਾ ਲਈ ਆਪਣੇ ਨਜ਼ਦੀਕੀ ਬਾਗਬਾਨੀ ਦਫ਼ਤਰ ਨਾਲ ਸੰਪਰਕ ਕਰਨ।

---------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸਰਕਾਰ ਸੂਬੇ ਵਿੱਚ ਨਹਿਰੀ ਸਿੰਚਾਈ ਨੂੰ ਮਜ਼ਬੂਤ ਕਰਨ, ਖੇਤੀਬਾੜੀ ਨੂੰ ਹੋਰ ਲਾਭਕਾਰੀ ਬਣਾਉਣ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਲਗਾਤਾਰ ਉਪਰਾਲੇ ਕਰ ਰਹੀ ਏ । ਉਨ੍ਹਾਂ ਦੱਸਿਆ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਰਸੂਲਪੁਰ, ਜਮਾਰਾਏ, ਪੱਟੀ ਅਤੇ ਦੁਮਣੀ-ਵਾਲਾ ਡਿਸਟਰੀ ਸਿਸਟਮਾਂ ਦੇ ਪੁਨਰ-ਨਿਰਮਾਣ, ਨਵੀਨੀਕਰਨ ਅਤੇ ਕੰਕਰੀਟ ਲਾਈਨਿੰਗ ਦਾ ਕੰਮ ਮੁਕੰਮਲ ਕਰ ਲਿਆ ਗਿਆ ਏ , ਜਿਸ ’ਤੇ ਕਰੀਬ 64 ਕਰੋੜ ਰੁਪਏ ਦੀ ਲਾਗਤ ਆਈ ਏ । ਉਨ੍ਹਾਂ ਕਿਹਾ ਕਿ ਇਸ ਨਾਲ ਜ਼ਿਲ੍ਹੇ ਦੇ ਹਜ਼ਾਰਾਂ ਕਿਸਾਨਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਸਿੰਚਾਈ ਲਈ ਟਿਊਬਵੈੱਲਾਂ ’ਤੇ ਨਿਰਭਰਤਾ ਘਟਣ ਨਾਲ ਧਰਤੀ ਹੇਠਲੇ ਪਾਣੀ ਦੀ ਸੰਭਾਲ ਨੂੰ ਵੀ ਵੱਡਾ ਬਲ ਮਿਲੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਮੇਂ ਦੇ ਨਾਲ ਪੁਰਾਣੀਆਂ ਇੱਟਾਂ ਦੀ ਲਾਈਨਿੰਗ ਦੇ ਖ਼ਰਾਬ ਹੋਣ, ਜੋੜਾਂ ਵਿੱਚੋਂ ਮਸਾਲਾ ਨਿਕਲ ਜਾਣ, ਬਰਸਾਤੀ ਨੁਕਸਾਨ, ਦਰੱਖਤਾਂ ਦੀਆਂ ਜੜ੍ਹਾਂ ਅਤੇ ਚੂਹਿਆਂ ਦੇ ਬਿੱਲਾਂ ਕਾਰਨ ਨਹਿਰਾਂ ਦੀ ਸਮਰੱਥਾ ਪ੍ਰਭਾਵਿਤ ਹੋ ਗਈ ਸੀ। ਇਸ ਕਾਰਨ ਖ਼ਾਸ ਕਰਕੇ ਟੇਲ ਸਿਰਿਆਂ ਤੱਕ ਲੋੜੀਂਦੀ

ਮਾਤਰਾ ਵਿੱਚ ਪਾਣੀ ਨਹੀਂ ਪਹੁੰਚ ਰਿਹਾ ਸੀ। ਪੰਜਾਬ ਸਰਕਾਰ ਵੱਲੋਂ ਸਾਲ 2025-26 ਦੌਰਾਨ ਇਨ੍ਹਾਂ ਨਹਿਰੀ ਪ੍ਰਣਾਲੀਆਂ ਦਾ ਵਿਆਪਕ ਪੁਨਰ-ਨਿਰਮਾਣ ਅਤੇ ਨਵੀਨੀਕਰਨ ਕਰਵਾ ਕੇ ਇਹ ਸਮੱਸਿਆ ਦੂਰ ਕੀਤੀ ਗਈ ਏ।

---------------------------------------------------------------

ਚੰਡੀਗੜ੍ਹ ਪੁਲਿਸ ਨੇ ਸੈਕਟਰ 11 ਦੇ ਕੈਸ਼ੀਅਰ ਜਾਨਕੀਦਾਸ ਕਤਲ ਮਾਮਲੇ ਵਿੱਚ ਚਾਰ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਚੰਡੀਗੜ੍ਹ ਦੇ ਪੁਲਿਸ ਕਪਤਾਨ ਅਨੁਰਾਗ ਦਾਸ ਨੇ ਦਸਿਆ ਕਿ ਇਨ੍ਹਾਂ ਦੇ ਹੁਣ ਪਾਕਿਸਤਾਨ ਨਾਲ ਸਬੰਧ ਸਾਹਮਣੇ ਆ ਰਹੇ ਨੇ । ਪੁਲਿਸ ਨੇ ਇਸ ਮਾਮਲੇ ਵਿੱਚ ਤਰਨਤਾਰਨ ਦੇ ਰਹਿਣ ਵਾਲੇ ਆਕਾਸ਼, ਸਚਿਨ ਸਿੰਘ ਅਤੇ ਗੁਰਮੀਤ ਸਿੰਘ ਉਰਫ਼ ਬਾਦਸ਼ਾਹ ਨੂੰ ਗ੍ਰਿਫ਼ਤਾਰ ਕੀਤਾ ਏ । ਉਨਾ ਦਸਿਆ ਕਿ ਧਰਮਿੰਦਰ ਸਿੰਘ, ਜੋ ਇਸ ਸਮੇਂ ਕਪੂਰਥਲਾ ਜੇਲ੍ਹ ਵਿੱਚ ਬੰਦ ਏ ਨੂੰ ਵੀ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਏ । ਪੁਲਿਸ ਦਾ ਕਹਿਣਾ ਏ ਕਿ ਇਹ ਤਿੰਨੇ ਮੁਲਜ਼ਮ ਧਰਮਿੰਦਰ ਸਿੰਘ ਦੇ ਕਹਿਣ 'ਤੇ ਇਸ ਅਪਰਾਧ ਨੂੰ ਅੰਜਾਮ ਦੇ ਰਹੇ ਸਨ। ਪੁਲਿਸ ਨੇ 3 ਕਿਲੋ ਆਈਸ ਡਰੱਗਜ਼, ਹਥਿਆਰ ਅਤੇ 8 ਲੱਖ ਰੁਪਏ ਦੀ ਨਕਲੀ ਕਰੰਸੀ ਬਰਾਮਦ ਕੀਤੀ ਏ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਅੱਜ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਸਮਾਗਮ ਦਾ ਅਯੋਜਿਨ ਕੀਤਾ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ । ਓਹਨਾ ਨੇ ਸੰਗਤ ਨਾਲ ਸ਼ਹੀਦ ਭਾਈ ਮਨੀ ਸਿੰਘ ਦੇ ਜੀਵਨ ਇਤਿਹਾਸ ਦੀ ਸਾਂਝ ਪਾਉਂਦਿਆਂ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਜੀ ਦੀ ਸ਼ਹਾਦਤ ਸਿੱਖੀ ਸਿਦਕ ਦੀ ਮਿਸਾਲ ਨੇ ।

---

ਮੌਸਮ ਵਿਭਾਗ ਨੇ ਪੰਜਾਬ ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ , ਉੱਤਰਾਖੰਡ ਅਤੇ ਦਿੱਲੀ ਤੇ ਗੁਜਰਾਤ ਵਿੱਚ ਅੱਜ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ । ਇਸ ਦੌਰਾਨ, ਬੀਤੀ ਰਾਤ ਤੋਂ ਰਾਸ਼ਟਰੀ ਰਾਜਧਾਨੀ ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਮੀਂਹ ਪੈ ਰਿਹਾ ਏ । ਸ਼ਹਿਰ ਵਿੱਚ ਵੀ ਦਿਨ ਵੇਲੇ ਇਸੇ ਤਰ੍ਹਾਂ ਦਾ ਮੌਸਮ ਰਹਿਣ ਦੀ ਉਮੀਦ ਹੈ। ਮੌਸਮ ਵਿਭਾਗ ਨੇ ਅਗਲੇ 36 ਘੰਟਿਆਂ ਦੌਰਾਨ ਉੱਤਰਾਖੰਡ

ਦੇ ਦੇਹਰਾਦੂਨ, ਹਰਿਦੁਆਰ, ਊਧਮ ਸਿੰਘ ਨਗਰ, ਨੈਨੀਤਾਲ ਅਤੇ ਚੰਪਾਵਤ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਲਈ ਓਰੇਂਜ ਅਲਰਟ ਜਦਕਿ ਬਾਕੀ ਜ਼ਿਲ੍ਹਿਆਂ ਲਈ yellow ਅਲਰਟ ਜਾਰੀ ਕੀਤਾ ਏ। ਦੇਹਰਾਦੂਨ ਅਤੇ ਉੱਤਰਾਖੰਡ ਦੇ ਕਈ ਹਿੱਸਿਆਂ ਵਿੱਚ ਬੀਤੀ ਰਾਤ ਤੋਂ ਭਾਰੀ ਮੀਂਹ ਪੈ ਰਿਹਾ ਏ । ਪਹਾੜੀ ਜ਼ਿਲ੍ਹਿਆਂ ਵਿੱਚ ਕਈ ਸ਼ਾਹਰਾਰਾਂ 'ਤੇ ਵਾਹਨਾਂ ਦੀ ਆਵਾਜਾਈ ਪ੍ਰਭਾਵਿਤ ਹੋਈ ਏ । ਮੌਸਮ ਦੇ ਹਾਲਾਤ ਦੇ ਆਧਾਰ 'ਤੇ ਸੜਕਾਂ ਖੋਲ੍ਹੀਆਂ ਅਤੇ ਬੰਦ ਕੀਤੀਆਂ ਜਾ ਰਹੀਆਂ ਹਨ। ਮੌਸਮ ਵਿਭਾਗ ਨੇ ਲੋਕਾਂ ਨੂੰ ਬੇਲੋੜੀ ਯਾਤਰਾ ਤੋਂ ਬਚਣ ਅਤੇ ਖਰਾਬ ਮੌਸਮ ਦੌਰਾਨ ਸੁਰੱਖਿਅਤ ਥਾਵਾਂ 'ਤੇ ਰਹਿਣ ਦੀ ਸਲਾਹ ਦਿੱਤੀ ਏ । ਚਾਰ ਧਾਮ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਨੂੰ ਮੌਸਮ ਦੀ ਸਥਿਤੀ ਬਾਰੇ ਜਾਣਕਾਰੀ ਲੈਣ ਤੋਂ ਬਾਅਦ ਹੀ ਆਪਣੀ ਯਾਤਰਾ ਯੋਜਨਾ ਬਣਾਉਣ ਦੀ ਅਪੀਲ ਕੀਤੀ ਗਈ ਏ ।

---------------------------------------------------